Vigilance Bureau Punjab

**Vigilance Bureau nabs MC Inspector, a private person for taking bribe of Rs. 25000**

Chandigarh, October 10: State Vigilance Bureau today nabbed a MC Inspector and his middle man red handed while accepting bribe of Rs. 25000.

Disclosing this an official spokesperson of the Punjab Vigilance Bureau said Sunil Kumar Gulati, Inspector posted at Municipal Corporation, Patiala and his middle man Rakesh Behal of Patiala have been nabbed red handed on the complaint of Jaspreet Singh of village Nandpur, Patiala district.

He added that the complainant has approached the Bureau and informed that the accused Inspector was demanding Rs. 50,000 to allow him to open new side door in his shop. He further added that he had already paid Rs. 40,000 to the accused inspector.

After verifying his information, the Vigilance team laid a trap and the middle man was caught red handed for accepting bribe of Rs.25000 from the complainant in the presence of two official witnesses.

The spokesman said a case under Prevention of Corruption Act has been registered against both the accused at Vigilance Bureau Police Station, Patiala and further investigation was under progress.

ਵਿਜੀਲੈਂਸ ਬਿਓਰੋ ਪੰਜਾਬ

ਵਿਜੀਲੈਂਸ ਵਲੋਂ ਨਗਰ ਕੌਂਸਲ ਦਾ ਕਰਮਚਾਰੀ ਰਿਸ਼ਵਤ ਲੈਂਦਾ ਕਾਬੂ

ਚੰਡੀਗੜ੍ਹ, 21 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਅੱਜ ਮਿਊਂਸਪਲ ਕਾਰਪੋਰੇਸ਼ਨ ਪਟਿਆਲਾ, ਵਿਖੇ ਤਾਇਨਾਤ ਇੰਸਪੈਕਟਰ ਸੁਨੀਲ ਕੁਮਾਰ ਗੁਲਾਟੀ ਅਤੇ ਉਸ ਦੇ ਵਿਚੋਲੇ ਰਾਕੇਸ਼ ਬਹਿਲ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀ ਕਾਬੂ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਦੋਸ਼ੀ ਸੁਨੀਲ ਕੁਮਾਰ ਗੁਲਾਟੀ ਅਤੇ ਉਸ ਦੇ ਵਿਚੋਲੇ ਰਾਕੇਸ਼ ਬਹਿਲ ਨੂੰ ਸ਼ਿਕਾਇਤਕਰਤਾ ਜਸਪ੍ਰੀਤ ਸਿੰਘ, ਵਾਸੀ ਪਿੰਡ ਨੰਦਪੁਰ, ਜਿਲਾ ਪਟਿਆਲਾ ਦੀ ਸ਼ਿਕਾਇਤ ਉੱਤੇ ਵਿਜੀਲੈਂਸ ਬਿਓਰੋ ਵਲੋਂ 25 ਹਜਾਰ ਰੁਪਏ ਰਿਸ਼ਵਤ ਲੈਦਿਆਂ ਰੰਗੇ ਹੱਥੀ ਦਬੋਚ ਲਿਆ ਗਿਆ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਕਤ ਇੰਸਪੈਕਟਰ ਸੁਨੀਲ ਕੁਮਾਰ ਗੁਲਾਟੀ ਵਲੋਂ ਉਸ ਦੀ ਦੁਕਾਨ ਦਾ ਨਵਾਂ ਸਾਈਡ ਗੇਟ ਖੋਲਣ ਬਦਲੇ 50,000 ਰੁਪਏ ਹੋਰ ਰਿਸ਼ਵਤ ਦੀ ਮੰਗ ਕੀਤੀ ਹੈ ਜਦਕਿ ਉਸ ਵਲੋਂ ਪਹਿਲਾਂ ਹੀ ਉਕਤ ਇੰਸਪੈਕਟਰ ਨੂੰ 40,000 ਰੁਪਏ ਰਿਸ਼ਵਤ ਵਜੋਂ ਦਿੱਤੇ ਜਾ ਚੁਕੇ ਹਨ ਅਤੇ ਹੁਣ ਉਸ ਵਲੋਂ ਹੋਰ 50,000 ਰੁਪਏ ਦੀ ਹੋਰ ਮੰਗ ਕੀਤੀ ਗਈ ਹੈ ਅਤੇ ਸੌਦਾ 25000 ਰੁਪਏ ਵਿਚ ਤੈਅ ਹੋਇਆ ਹੈ। ਵਿਜੀਲੈਂਸ ਵਲੋਂ ਦੋਸ਼ਾਂ ਦੀ ਪੜਤਾਲ ਉਪਰੰਤ ਦੋਸ਼ੀ ਇੰਸਪੈਕਟਰ ਦੇ ਵਿਚੋਲੇ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 25000 ਰੁਪਏ ਦੀ ਰਿਸ਼ਵਤ ਵਜੋਂ ਲੈਂਦਿਆਂ ਮੌਕੇ 'ਤੇ ਕਾਬੂ ਕਰ ਲਿਆ ਗਿਆ। ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਉਕਤ ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਖੇ ਮੁੱਕਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।